# ਵਰਲਡ ਪੰਜਾਬੀ ਟਾਈਮਜ਼
## WORLD PUNJABI TIMES
A Punjabi News Protal & Epaper From Winnipeg, Canada
Visit us at : www.worldpunjabitimes.com
Mob: 7973333573, +1 (418) 887-0162, +1 (431) 458-6922
ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ



## ਲੁਧਿਆਣਾ ਵਿੱਚ ਫੂਡ ਸੇਫਟੀ ਟੀਮ ਵੱਲੋਂ ਵਿਸ਼ੇਸ਼ ਚੈਕਿੰਗ ਮੁਹਿੰਮ, 35 ਕਿਲੋ ਪਨੀਰ ਨਸ਼ਟ

ਲੁਧਿਆਣਾ, 16 ਸਤੰਬਰ : ਲੋਕਾਂ ਨੂੰ ਸੁਰੱਖਿਅਤ ਅਤੇ ਮਿਆਰੀ ਖੁਰਾਕ ਪਦਾਰਥ ਮੁਹੱਈਆ ਕਰਵਾਉਣ ਲਈ ਮਾਨਯੋਗ ਡਿਪਟੀ ਕਮਿਸ਼ਨਰ ਲੁਧਿਆਣਾ ਸ਼੍ਰੀ ਹਿਮਾਂਸ਼ੂ ਜੈਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸਿਹਤ ਵਿਭਾਗ ਦੀ ਫੂਡ ਸੇਫਟੀ ਟੀਮ ਵੱਲੋਂ ਜ਼ਿਲ੍ਹੇ ਦੇ ਵੱਖ-ਵੱਖ ਇਲਾਕਿਆਂ ਵਿੱਚ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਗਈ। ਇਸ ਦੌਰਾਨ ਸਬਜ਼ੀ ਮੰਡੀਆਂ, ਕਨਫੈਕਸ਼ਨਰੀ ਯੂਨਿਟਾਂ ਅਤੇ ਖਾਣ-ਪੀਣ ਵਾਲੀਆਂ ਦੁਕਾਨਾਂ ਦੀ ਜਾਂਚ ਕਰਨ ਦੇ ਨਾਲ Food Safety on Wheels ਰਾਹੀਂ ਵੀ ਖੁਰਾਕ ਪਦਾਰਥਾਂ ਦੀ ਮੁੱਢਲੀ ਜਾਂਚ ਅਤੇ ਲੋਕਾਂ ਨੂੰ ਖੁਰਾਕ ਸੁਰੱਖਿਆ ਸਬੰਧੀ ਜਾਗਰੂਕ ਕੀਤਾ ਗਿਆ।




ਚੈਕਿੰਗ ਦੌਰਾਨ ਸਬਜ਼ੀ ਮੰਡੀ ਵਿੱਚ ਪਪੀਤੇ ਦਾ ਇੱਕ ਸੈਂਪਲ, ਹੀਰੋ ਬੇਕਰੀ ਚੌਂਕ ਅਤੇ ਅਬਦੁੱਲਾ ਬਸਤੀ ਵਿਖੇ ਖਾਣ-ਪੀਣ ਵਾਲੀਆਂ ਦੁਕਾਨਾਂ ਤੋਂ ਤਿਆਰਸ਼ੁਦਾ ਚਿਕਨ ਅਤੇ ਪੈਟੀਜ਼ ਦੇ ਸੈਂਪਲ ਅਤੇ ਬਹਾਦਰਕੇ ਰੋਡ ਸਬਜ਼ੀ ਮੰਡੀ ਤੋਂ ਪਨੀਰ ਦੇ ਦੋ ਸੈਂਪਲ ਲੈ ਕੇ ਅਧਿਕਾਰਤ ਫੂਡ ਟੈਸਟਿੰਗ ਲੈਬਾਰਟਰੀ ਨੂੰ ਜਾਂਚ ਲਈ ਭੇਜੇ ਗਏ। ਬਹਾਦਰਕੇ ਰੋਡ ਮੰਡੀ ਵਿੱਚ ਚੈਕਿੰਗ ਦੌਰਾਨ ਲਗਭਗ 35 ਕਿਲੋਗ੍ਰਾਮ ਪਨੀਰ ਮਿਆਰਾਂ ਅਨੁਸਾਰ ਨਾ ਪਾਏ ਜਾਣ ਅਤੇ ਮਨੁੱਖੀ ਖਪਤ ਲਈ ਅਣਉਚਿਤ ਹੋਣ ਦੇ ਸ਼ੱਕ ਦੇ ਆਧਾਰ 'ਤੇ ਮੌਕੇ 'ਤੇ ਹੀ ਨਸ਼ਟ ਕਰਵਾਇਆ ਗਿਆ।

ਇਸ ਮੌਕੇ ਡਾ. ਆਸ਼ਿਸ਼ ਚਾਵਲਾ, ਜ਼ਿਲ੍ਹਾ ਸਿਹਤ ਅਫ਼ਸਰ, ਲੁਧਿਆਣਾ ਨੇ ਕਿਹਾ ਕਿ ਲੋਕਾਂ ਦੀ ਸਿਹਤ ਨਾਲ ਜੁੜੇ ਮਾਮਲੇ ਵਿੱਚ ਖੁਰਾਕ ਸੁਰੱਖਿਆ ਵਿਭਾਗ ਦੀ ਮੁੱਖ ਤਰਜੀਹ ਹੈ ਅਤੇ ਖੁਰਾਕ ਦੀ ਗੁਣਵੱਤਾ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਲੈਬਾਰਟਰੀ ਰਿਪੋਰਟਾਂ ਦੇ ਆਧਾਰ 'ਤੇ ਜੇਕਰ ਕੋਈ ਸੈਂਪਲ ਨਿਰਧਾਰਤ ਮਾਪਦੰਡਾਂ 'ਤੇ ਖਰਾ ਨਹੀਂ ਉਤਰਦਾ ਤਾਂ ਸਬੰਧਤ ਫੂਡ ਬਿਜ਼ਨਸ ਆਪਰੇਟਰ ਵਿਰੁੱਧ ਫੂਡ ਸੇਫਟੀ ਐਂਡ ਸਟੈਂਡਰਡਜ਼ ਐਕਟ, 2006 ਅਤੇ ਲਾਗੂ ਨਿਯਮਾਂ ਅਧੀਨ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਉਨ੍ਹਾਂ ਫੂਡ ਬਿਜ਼ਨਸ ਆਪਰੇਟਰਾਂ ਨੂੰ ਸਫਾਈ-ਸੁਥਰਾਈ, ਸਹੀ ਸਟੋਰੇਜ ਅਤੇ FSSAI ਮਾਪਦੰਡਾਂ ਦੀ ਪੂਰੀ ਪਾਲਣਾ ਯਕੀਨੀ ਬਣਾਉਣ ਦੀ ਹਦਾਇਤ ਕਰਦਿਆਂ ਆਮ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਸਿਰਫ਼ ਸਾਫ਼-ਸੁਥਰੀਆਂ ਅਤੇ ਭਰੋਸੇਯੋਗ ਦੁਕਾਨਾਂ ਤੋਂ ਖੁਰਾਕੀ ਵਸਤੂਆਂ ਖਰੀਦਣ। ਬਰਸਾਤ ਦੇ ਮੌਸਮ ਨੂੰ ਧਿਆਨ ਵਿੱਚ ਰੱਖਦਿਆਂ ਕੱਟੇ ਹੋਏ, ਗਲੇ-ਸੜੇ ਜਾਂ ਬਾਸੀ ਫਲਾਂ ਅਤੇ ਸਬਜ਼ੀਆਂ ਦੀ ਖਰੀਦ ਤੇ ਵਰਤੋਂ ਤੋਂ ਪਰਹੇਜ਼ ਕਰਨ ਦੀ ਵੀ ਸਲਾਹ ਦਿੱਤੀ ਗਈ।

ਫੂਡ ਸੇਫਟੀ ਟੀਮ ਵੱਲੋਂ ਦੱਸਿਆ ਗਿਆ ਕਿ ਲੋਕਾਂ ਨੂੰ ਸੁਰੱਖਿਅਤ ਅਤੇ ਮਿਆਰੀ ਖੁਰਾਕ ਉਪਲਬਧ ਕਰਵਾਉਣ ਲਈ ਵੱਖ-ਵੱਖ ਇਲਾਕਿਆਂ ਵਿੱਚ ਚੈਕਿੰਗ ਮੁਹਿੰਮਾਂ ਅਤੇ Food Safety on Wheels ਰਾਹੀਂ ਜਾਗਰੂਕਤਾ ਤੇ ਜਾਂਚ ਦੀ ਕਾਰਵਾਈ ਲਗਾਤਾਰ ਜਾਰੀ ਰਹੇਗੀ।

## ਪੰਜਾਬ ਅੰਦਰ ਪਿਛਲੇ ਤਿੰਨ ਦਿਨਾਂ ਤੋਂ ਬਿਜਲੀ ਦਾ ਇੱਕ ਵੀ ਕੱਟ ਨਹੀਂ ਲੱਗਾ – ਮੰਤਰੀ ਸੌਂਦ

### *ਕਿਹਾ – ਕਿਸਾਨਾਂ ਨੂੰ 8 ਦੀ ਬਜਾਏ 10 ਘੰਟੇ ਬਿਜਲੀ ਸਪਲਾਈ, ਉਦਯੋਗਾਂ ਨੂੰ 24 ਘੰਟੇ ਨਿਰਵਿਘਨ ਬਿਜਲੀ ਮਿਲ ਰਹੀ*

### *ਇਸ ਵਾਰ ਸੂਬੇ ਅੰਦਰ ਰਿਕਾਰਡ ਤੋੜ 17300 ਮੈਗਾਵਾਟ ਦੀ ਮੰਗ ਵੀ ਸਰਕਾਰ ਨੇ ਕੀਤੀ ਪੂਰੀ*



ਖੰਨਾ, (ਲੁਧਿਆਣਾ) 16 ਸਤੰਬਰ:ਪੰਜਾਬ ਵਿੱਚ ਬਿਜਲੀ ਦੀ ਰਿਕਾਰਡ ਤੋੜ ਮੰਗ ਦੇ ਬਾਵਜੂਦ ਸੂਬਾ ਸਰਕਾਰ ਵੱਲੋਂ ਬਿਜਲੀ ਸਪਲਾਈ ਨੂੰ ਸੁਚਾਰੂ ਢੰਗ ਨਾਲ ਜਾਰੀ ਰੱਖਿਆ ਗਿਆ ਹੈ। ਪੰਜਾਬ ਦੇ ਬਿਜਲੀ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਮੰਗਲਵਾਰ ਸ਼ਾਮ ਖੰਨਾ ਵਿਖੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪਿਛਲੇ ਤਿੰਨ ਦਿਨਾਂ ਤੋਂ ਪੰਜਾਬ ਵਿੱਚ ਬਿਜਲੀ ਦਾ ਇੱਕ ਵੀ ਕੱਟ ਨਹੀਂ ਲੱਗਿਆ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬਿਜਲੀ ਦੀ ਵਧਦੀ ਮੰਗ ਨੂੰ ਪੂਰਾ ਕਰਨ ਦੇ ਨਾਲ-ਨਾਲ ਕਿਸਾਨਾਂ ਅਤੇ ਉਦਯੋਗਾਂ ਨੂੰ ਵੀ ਲੋੜ ਅਨੁਸਾਰ ਪੂਰੀ ਬਿਜਲੀ ਮੁਹੱਈਆ ਕਰਵਾਈ ਜਾ ਰਹੀ ਹੈ।

ਬਿਜਲੀ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਖੇਤੀਬਾੜੀ ਸੈਕਟਰ ਨੂੰ ਪਿਛਲੇ ਤਿੰਨ ਦਿਨਾਂ ਤੋਂ ਨਿਰਧਾਰਤ 8 ਘੰਟਿਆਂ ਦੀ ਬਜਾਏ 10 ਘੰਟੇ ਬਿਜਲੀ ਸਪਲਾਈ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਝੋਨੇ ਦੀ ਫ਼ਸਲ ਹੁਣ ਪੱਕਣ ਦੇ ਆਖਰੀ ਪੜਾਅ ਵਿੱਚ ਹੈ ਅਤੇ ਕਿਸਾਨਾਂ ਵੱਲੋਂ ਫ਼ਸਲ ਨੂੰ ਲੋੜੀਂਦਾ ਪਾਣੀ ਲਗਾਇਆ ਜਾ ਰਿਹਾ ਹੈ। ਇਸਨੂੰ ਧਿਆਨ ਵਿੱਚ ਰੱਖਦਿਆਂ ਸਰਕਾਰ ਨੇ ਖੇਤੀਬਾੜੀ ਸੈਕਟਰ ਲਈ ਬਿਜਲੀ ਸਪਲਾਈ ਵਿੱਚ ਦੋ ਘੰਟਿਆਂ ਦਾ ਵਾਧਾ ਕੀਤਾ ਹੈ। ਹੁਣ ਕਿਸਾਨਾਂ ਨੂੰ 10 ਘੰਟੇ ਪ੍ਰਤੀ ਦਿਨ ਬਿਜਲੀ ਸਪਲਾਈ ਦਿੱਤੀ ਜਾ ਰਹੀ ਹੈ ਜੋਕਿ ਖੇਤੀਬਾੜੀ ਸੈਕਟਰ ਲਈ ਅੱਜ ਤੱਕ ਕੋਈ ਵੀ ਸਰਕਾਰ ਨਹੀਂ ਕਰ ਸਕੀ।

ਦੋ ਥਰਮਲ ਪਲਾਂਟਾਂ 'ਚ ਤਕਨੀਕੀ ਖਰਾਬੀ ਦੇ ਬਾਵਜੂਦ ਸਰਕਾਰ ਨੇ ਸੰਭਾਲਿਆ ਮੋਰਚਾ ਬਿਜਲੀ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਪਿਛਲੇ ਦਿਨਾਂ ਦੌਰਾਨ ਪੰਜਾਬ ਦੇ ਦੋ ਥਰਮਲ ਪਲਾਂਟਾਂ ਵਿੱਚ ਤਕਨੀਕੀ ਖਰਾਬੀ ਆ ਗਈ ਸੀ। ਇਹ ਦੋਵੇਂ ਥਰਮਲ ਪਲਾਂਟ ਨਿੱਜੀ ਖੇਤਰ ਵੱਲੋਂ ਚਲਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਸਦੇ ਬਾਵਜੂਦ ਪੰਜਾਬ ਸਰਕਾਰ ਨੇ ਆਪਣੀ ਜ਼ਿੰਮੇਵਾਰੀ ਤੋਂ ਪਿੱਛੇ ਹਟਣ ਦੀ ਬਜਾਏ ਸਬੰਧਤ ਕੰਪਨੀਆਂ 'ਤੇ ਲਗਾਤਾਰ ਦਬਾਅ ਬਣਾਇਆ, ਤਾਂ ਜੋ ਪਲਾਂਟਾਂ ਨੂੰ ਜਲਦ ਤੋਂ ਜਲਦ ਚਾਲੂ ਕੀਤਾ ਜਾ ਸਕੇ।

ਉਨ੍ਹਾਂ ਕਿਹਾ ਕਿ ਬਿਜਲੀ ਵਿਭਾਗ ਦੇ ਇੰਜੀਨੀਅਰਾਂ ਅਤੇ ਤਕਨੀਕੀ ਅਮਲੇ ਨੇ ਵੀ ਦਿਨ-ਰਾਤ ਮਿਹਨਤ ਕਰਕੇ ਸਪਲਾਈ ਪ੍ਰਬੰਧ ਨੂੰ ਮਜ਼ਬੂਤ ਰੱਖਣ ਲਈ ਕੰਮ ਕੀਤਾ। ਇਸ ਮਿਹਨਤ ਦੇ ਨਤੀਜੇ ਵਜੋਂ ਥਰਮਲ ਪਲਾਂਟਾਂ ਦੀ ਤਕਨੀਕੀ ਖਰਾਬੀ ਦੂਰ ਕਰਕੇ ਉਨ੍ਹਾਂ ਨੂੰ ਮੁੜ ਚਾਲੂ ਕਰ ਦਿੱਤਾ ਗਿਆ ਹੈ। ਉਨ੍ਹਾਂ ਅਨੁਸਾਰ ਹੁਣ ਇਨ੍ਹਾਂ ਦੋ ਥਰਮਲ ਪਲਾਂਟਾਂ ਤੋਂ ਇਲਾਵਾ ਪੰਜਾਬ ਸਰਕਾਰ ਦੇ ਆਪਣੇ 10 ਯੂਨਿਟ ਵੀ ਸਫਲਤਾਪੂਰਵਕ ਚੱਲ ਰਹੇ ਹਨ।

17,300 ਮੈਗਾਵਾਟ ਦੀ ਰਿਕਾਰਡ ਮੰਗ, ਫਿਰ ਵੀ ਨਹੀਂ ਆਉਣ ਦਿੱਤੀ ਬਿਜਲੀ ਦੀ ਕਮੀ ਬਿਜਲੀ ਮੰਤਰੀ ਸੌਂਦ ਨੇ ਕਿਹਾ ਕਿ ਆਮ ਤੌਰ 'ਤੇ ਸਤੰਬਰ ਮਹੀਨੇ ਦੌਰਾਨ ਪੰਜਾਬ ਵਿੱਚ ਬਿਜਲੀ ਦੀ ਮੰਗ ਲਗਭਗ 13,000 ਮੈਗਾਵਾਟ ਤੱਕ ਰਹਿੰਦੀ ਰਹੀ ਹੈ। ਪਰ ਇਸ ਵਾਰ ਬਿਜਲੀ ਦੀ ਮੰਗ ਨੇ ਪਿਛਲੇ ਸਾਰੇ ਰਿਕਾਰਡ ਤੋੜ ਦਿੱਤੇ ਹਨ। ਸਤੰਬਰ ਮਹੀਨੇ ਵਿੱਚ ਪੰਜਾਬ ਵਿੱਚ ਬਿਜਲੀ ਦੀ ਮੰਗ 17,300 ਮੈਗਾਵਾਟ ਤੱਕ ਪਹੁੰਚ ਗਈ, ਜੋ ਪਿਛਲੇ ਰਿਕਾਰਡ ਨਾਲੋਂ ਕਰੀਬ 4,000 ਮੈਗਾਵਾਟ ਵੱਧ ਹੈ।

ਉਨ੍ਹਾਂ ਕਿਹਾ ਕਿ ਇੰਨੀ ਵੱਡੀ ਮੰਗ ਦੇ ਬਾਵਜੂਦ ਪੰਜਾਬ ਸਰਕਾਰ ਨੇ ਬਿਜਲੀ ਸਪਲਾਈ ਨੂੰ ਪ੍ਰਭਾਵਿਤ ਨਹੀਂ ਹੋਣ ਦਿੱਤਾ। ਮਾਨਸੂਨ ਦੀ ਕਮੀ ਅਤੇ ਬਿਜਲੀ ਦੀ ਰਿਕਾਰਡ ਮੰਗ ਦੇ ਬਾਵਜੂਦ ਸੂਬੇ ਦੇ ਲੋਕਾਂ ਨੂੰ ਲੋੜ ਅਨੁਸਾਰ ਬਿਜਲੀ ਮੁਹੱਈਆ ਕਰਵਾਈ ਜਾ ਰਹੀ ਹੈ।

ਉਦਯੋਗਪਤੀਆਂ ਨੂੰ ਭਰੋਸਾ—ਸਰਕਾਰ ਤੁਹਾਡੇ ਨਾਲ ਮੋਢੇ ਨਾਲ ਮੋਢਾ ਲਾ ਕੇ ਖੜ੍ਹੀ ਉਦਯੋਗਿਕ ਖੇਤਰ ਬਾਰੇ ਗੱਲ ਕਰਦਿਆਂ ਬਿਜਲੀ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਪਿਛਲੇ ਕੁਝ ਦਿਨਾਂ ਦੌਰਾਨ ਉਦਯੋਗਪਤੀਆਂ ਨੂੰ ਬਿਜਲੀ ਸਪਲਾਈ ਸਬੰਧੀ ਕੁੱਝ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ, ਪਰ ਉਦਯੋਗ ਜਗਤ ਨੇ ਇਸ ਮੁਸ਼ਕਲ ਸਮੇਂ ਵਿੱਚ ਸਰਕਾਰ ਦਾ ਸਾਥ ਦਿੱਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੀ ਉਦਯੋਗਪਤੀਆਂ ਦੇ ਨਾਲ ਮੋਢੇ ਨਾਲ ਮੋਢਾ ਲਾ ਕੇ ਖੜ੍ਹੀ ਹੈ ਅਤੇ ਉਨ੍ਹਾਂ ਦੇ ਕਾਰੋਬਾਰ ਨੂੰ ਪ੍ਰਭਾਵਿਤ ਨਹੀਂ ਹੋਣ ਦਿੱਤਾ ਜਾਵੇਗਾ। ਸੌਂਦ ਨੇ ਕਿਹਾ ਕਿ ਇਸ ਸਮੇਂ ਖੇਤੀਬਾੜੀ ਸੈਕਟਰ ਨੂੰ 10 ਘੰਟੇ ਬਿਜਲੀ ਸਪਲਾਈ ਦਿੱਤੀ ਜਾ ਰਹੀ ਹੈ, ਜਦਕਿ ਉਦਯੋਗਿਕ ਖੇਤਰ ਨੂੰ 24 ਘੰਟੇ ਨਿਰਵਿਘਨ ਬਿਜਲੀ ਸਪਲਾਈ ਜਾਰੀ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਪੰਜਾਬ ਵਿੱਚ ਇਸ ਸਮੇਂ ਬਿਜਲੀ ਦੀ ਕੋਈ ਕਮੀ ਨਹੀਂ ਹੈ ਅਤੇ ਸਰਕਾਰ ਵੱਲੋਂ ਕਿਸੇ ਵੀ ਵਰਗ ਨੂੰ ਬਿਜਲੀ ਸਬੰਧੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਰਿਕਾਰਡ ਬਿਜਲੀ ਮੰਗ ਦੇ ਬਾਵਜੂਦ ਸਪਲਾਈ ਨੂੰ ਕਾਇਮ ਰੱਖਣਾ ਪੰਜਾਬ ਸਰਕਾਰ ਦੀ ਬਿਹਤਰ ਯੋਜਨਾਬੰਦੀ, ਬਿਜਲੀ ਵਿਭਾਗ ਦੇ ਅਧਿਕਾਰੀਆਂ ਦੀ ਮਿਹਨਤ ਅਤੇ ਸਰਕਾਰ ਦੀ ਤੁਰੰਤ ਕਾਰਵਾਈ ਦਾ ਨਤੀਜਾ ਹੈ।

## ਘੁੰਗਰਾਲੀ ਰਾਜਪੂਤਾਂ 'ਚ ਦੁੱਧ ਉਤਪਾਦਕ ਜਾਗਰੂਕਤਾ ਕੈਂਪ

ਲੁਧਿਆਣਾ/ਖੰਨਾ, 16 ਸਤੰਬਰ : ਕੈਬਨਿਟ ਮੰਤਰੀ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਪੰਜਾਬ ਸ. ਗੁਰਮੀਤ ਸਿੰਘ ਖੁੱਡੀਆਂ ਦੀ ਅਗਵਾਈ ਅਤੇ ਡਾਇਰੈਕਟਰ, ਡੇਅਰੀ ਵਿਕਾਸ ਵਿਭਾਗ ਪੰਜਾਬ ਸ. ਵਰਿਆਮ ਸਿੰਘ ਗਿੱਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅੱਜ ਮਿਤੀ 15-09-2026 ਨੂੰ ਜ਼ਿਲ੍ਹਾ ਲੁਧਿਆਣਾ ਦੇ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਦੀ ਅਗਵਾਈ ਹੇਠ ਪਿੰਡ ਘੁੰਗਰਾਲੀ ਰਾਜਪੂਤਾ, ਬਲਾਕ ਖੰਨਾ ਵਿਖੇ ਇੱਕ ਦਿਨਾ ਦੁੱਧ ਉਤਪਾਦਕ ਜਾਗਰੂਕਤਾ ਕੈਂਪ ਲਗਾਇਆ ਗਿਆ।



ਕੈਂਪ ਦੌਰਾਨ ਡੇਅਰੀ ਫਾਰਮਰਾਂ ਨੂੰ ਡੇਅਰੀ ਵਿਕਾਸ ਵਿਭਾਗ ਦੀਆਂ ਵੱਖ-ਵੱਖ ਸਕੀਮਾਂ, ਜਿਵੇਂ ਕਿ *ਕੈਟਲ ਸ਼ੈੱਡ (Cattle Shed), ਮਿਲਕਿੰਗ ਮਸ਼ੀਨ (Milking Machine)* ਅਤੇ ਹੋਰ ਡੇਅਰੀ ਸਹਾਇਤਾ ਸਕੀਮਾਂ ਬਾਰੇ ਜਾਣਕਾਰੀ ਦਿੱਤੀ ਗਈ।

ਇਸ ਤੋਂ ਇਲਾਵਾ ਡੇਅਰੀ ਕਰਜ਼ਾ ਕੇਸ ਤਿਆਰ ਕਰਨ ਦੀ ਪ੍ਰਕਿਰਿਆ ਅਤੇ ਵਿਭਾਗ ਵੱਲੋਂ ਦਿੱਤੀ ਜਾਂਦੀ ਸਹਾਇਤਾ ਬਾਰੇ ਵੀ ਜਾਗਰੂਕ ਕੀਤਾ ਗਿਆ।

ਇਸ ਤੋਂ ਇਲਾਵਾ ਪਸ਼ੂਆਂ ਦੀਆਂ ਬਿਮਾਰੀਆਂ ਤੋਂ ਬਚਾਅ, ਸੰਤੁਲਿਤ ਖੁਰਾਕ, ਪਸ਼ੂਆਂ ਦੀ ਸਾਂਭ-ਸੰਭਾਲ ਅਤੇ ਸਿਹਤ ਸੰਭਾਲ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।

ਡੇਅਰੀ ਫਾਰਮਰਾਂ ਨੂੰ ਵਿਭਾਗ ਦੀਆਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈ ਕੇ ਡੇਅਰੀ ਧੰਦੇ ਨੂੰ ਹੋਰ ਲਾਹੇਵੰਦ ਅਤੇ ਆਧੁਨਿਕ ਬਣਾਉਣ ਲਈ ਵੀ ਪ੍ਰੇਰਿਤ ਕੀਤਾ ਗਿਆ।

## ਪੀ.ਏ.ਯੂ. ਵਿਚ ਕਿਸਾਨੀ ਦੇ ਕੁੰਭ ਵਜੋਂ ਜਾਣਿਆ ਜਾਂਦਾ ਦੋ ਰੋਜ਼ਾ ਕਿਸਾਨ ਮੇਲਾ 18-19 ਸਤੰਬਰ ਨੂੰ

ਲੁਧਿਆਣਾ 16 ਸਤੰਬਰ : ਪੀ.ਏ.ਯੂ. ਵਿਖੇ ਹਾੜੀ ਦੀਆਂ ਫ਼ਸਲਾਂ ਲਈ ਲਾਇਆ ਜਾਣ ਵਾਲਾ ਦੋ ਰੋਜ਼ਾ ਕਿਸਾਨ ਮੇਲਾ 18-19 ਸਤੰਬਰ ਨੂੰ ਹੋ ਰਿਹਾ ਹੈ| ਇਸ ਮੇਲੇ ਦਾ ਉਦੇਸ਼ ਵਾਤਾਵਰਨ ਦੀ ਸੁਰੱਖਿਆ ਲਈ ਨਵੀਆਂ ਤਕਨਾਲੋਜੀਆਂ ਬਾਰੇ ਕਿਸਾਨਾਂ ਨੂੰ ਜਾਗਰੂਕ ਕਰਨਾ ਹੈ| ਇਸ ਲਈ ਮੇਲੇ ਦਾ ਥੀਮ 'ਵਿਗਿਆਨਕ ਢੰਗ ਅਪਨਾਓ, ਖੇਤੀ ਆਮਦਨ ਵਧਾਓ' ਰੱਖਿਆ ਗਿਆ ਹੈ|




ਇਸ ਬਾਰੇ ਜਾਣਕਾਰੀ ਦਿੰਦਿਆਂ ਨਿਰਦੇਸ਼ਕ ਪਸਾਰ ਸਿੱਖਿਆ ਡਾ. ਮੱਖਣ ਸਿੰਘ ਭੁੱਲਰ ਨੇ ਦੱਸਿਆ ਕਿ ਮੇਲੇ ਦੇ ਉਦਘਾਟਨੀ ਸਮਾਰੋਹ ਵਿਚ ਨਵੀਆਂ ਪੈੜਾਂ ਪਾਉਣ ਵਾਲੇ ਕਿਸਾਨਾਂ ਨੂੰ ਸਨਮਾਨਿਤ ਕੀਤਾ ਜਾਵੇਗਾ|

ਡਾ. ਭੁੱਲਰ ਨੇ ਹੋਰ ਵਿਸਥਾਰ ਨਾਲ ਦੱਸਿਆ ਕਿ ਇਹ ਮੇਲਾ ਕਿਸਾਨਾਂ ਅਤੇ ਵਿਗਿਆਨੀਆਂ ਵਿਚਕਾਰ ਆਉਂਦੇ ਫਸਲੀ ਸੀਜ਼ਨ ਦੌਰਾਨ ਕਾਸ਼ਤ ਲਈ ਆਉਣ ਵਾਲੀਆਂ ਮੁਸ਼ਕਲਾਂ, ਬਿਮਾਰੀਆਂ, ਕੀੜਿਆਂ ਦੇ ਨਾਲ-ਨਾਲ ਨਵੀਆਂ ਕਿਸਮਾਂ ਬਾਰੇ ਵਿਚਾਰ-ਵਟਾਂਦਰਾ ਕਰਨ ਦਾ ਮੰਚ ਵੀ ਪ੍ਰਦਾਨ ਕਰਦਾ ਹੈ| ਉਹਨਾਂ ਕਿਹਾ ਕਿ ਮੇਲੇ ਦਾ ਉਦੇਸ਼ ਵਾਤਾਵਰਨ ਦੀ ਸੰਭਾਲ ਨਾਲ ਜੁੜਿਆ ਹੋਣ ਕਾਰਨ ਕਿਸਾਨਾਂ ਨੂੰ ਪਰਾਲੀ ਸੰਭਾਲਣ ਲਈ ਢੁੱਕਵੀਂ ਮਸ਼ੀਨਰੀ ਅਤੇ ਹੋਰ ਤਕਨੀਕਾਂ ਬਾਰੇ ਚੇਤਨ ਕਰਨਾ ਹੈ| ਇਸ ਮੌਕੇ ਪੀ.ਏ.ਯੂ. ਵੱਲੋਂ ਸਿਫ਼ਾਰਸ਼ ਕੀਤੀਆਂ ਨਵੀਆਂ ਕਿਸਮਾਂ ਬਾਰੇ ਕਿਸਾਨਾਂ ਨੂੰ ਜਾਣਕਾਰੀ ਦਿੱਤੀ ਜਾਵੇਗੀ| ਮਾਹਿਰਾਂ ਨਾਲ ਸਵਾਲ-ਜਵਾਬ ਸੈਸ਼ਨ ਮੇਲੇ ਦਾ ਮੁੱਖ ਆਕਰਸ਼ਣ ਰਹੇਗਾ|

ਮੇਲੇ ਵਿਚ ਕਿਸਾਨਾਂ ਦੀ ਮੁੱਖ ਰੁਚੀ ਯੂਨੀਵਰਸਿਟੀ ਵੱਲੋਂ ਤਿਆਰ ਕਿਸਮਾਂ, ਫਲਾਂ ਬੂਟਿਆਂ ਅਤੇ ਖੇਤੀ ਸਾਹਿਤ ਵੱਲ ਵਧੇਰੇ ਦੇਖੀ ਜਾਂਦੀ ਹੈ| ਫ਼ਸਲਾਂ ਦੇ ਬੀਜਾਂ, ਫਲ ਬੂਟਿਆਂ ਅਤੇ ਖੇਤੀ ਸਾਹਿਤ ਦੀ ਮੈਂਬਰਸ਼ਿਪ ਲਈ ਵਿਸ਼ੇਸ਼ ਸਟਾਲਾਂ ਦਾ ਪ੍ਰਬੰਧ ਕੀਤਾ ਗਿਆ ਹੈ| ਉਹਨਾਂ ਕਿਹਾ ਕਿ ਇਸਦੇ ਨਾਲ ਹੀ ਉਦਘਾਟਨੀ ਸਮਾਰੋਹ ਵਿਚ ਰੰਗਾਰੰਗ ਪ੍ਰੋਗਰਾਮ ਹੋਵੇਗਾ ਜਿਸ ਵਿਚ ਪੰਜਾਬ ਦੇ ਨਾਮੀ ਕਲਾਕਾਰ ਪ੍ਰੋਗਰਾਮ ਪੇਸ਼ ਕਰਨਗੇ|

ਪੀ.ਏ.ਯੂ ਉੱਚ ਅਧਿਕਾਰੀਆਂ ਨੇ ਇਸ ਮੇਲੇ ਵਿਚ ਪੰਜਾਬ ਤੋਂ ਇਲਾਵਾ ਆਸ-ਪਾਸ ਦੇ ਰਾਜਾਂ ਤੋਂ ਭਾਰੀ ਗਿਣਤੀ ਵਿਚ ਕਿਸਾਨਾਂ ਦੇ ਸ਼ਾਮਿਲ ਹੋਣ ਦੀ ਆਸ ਪ੍ਰਗਟਾਈ

## ਫ਼ਰੀਦਕੋਟ ਵਿਖੇ 21 ਤੋਂ 23 ਸਤੰਬਰ ਤੱਕ ਲੱਗੇਗਾ ਪਹਿਲਾ ਪਸ਼ੂ ਧਨ ਤੇ ਕਿਸਾਨ ਮੇਲਾ : ਸੇਖੋਂ

ਟਿੰਕੂ ਕੁਮਾਰ

ਫ਼ਰੀਦਕੋਟ, 16 ਸਤੰਬਰ : ਹਲਕਾ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਦੱਸਿਆ ਕਿ ਫ਼ਰੀਦਕੋਟ ਵਿਖੇ 21 ਸਤੰਬਰ ਤੋਂ 23 ਸਤੰਬਰ ਤੱਕ ਪਹਿਲਾ ਪਸ਼ੂ ਧਨ ਤੇ ਕਿਸਾਨ ਮੇਲਾ ਕਰਵਾਇਆ ਜਾ ਰਿਹਾ ਹੈ। ਇਹ ਮੇਲਾ ਸਾਦਿਕ ਰੋਡ, ਦਾਣਾ ਮੰਡੀ, ਫ਼ਰੀਦਕੋਟ ਵਿਖੇ ਲਾਇਆ ਜਾਵੇਗਾ, ਜਿਸ ਵਿੱਚ ਪੰਜਾਬ ਭਰ ਤੋਂ ਕਿਸਾਨਾਂ, ਪਸ਼ੂ ਪਾਲਕਾਂ ਅਤੇ ਖੇਤੀਬਾੜੀ ਨਾਲ ਜੁੜੇ ਲੋਕਾਂ ਦੀ ਵੱਡੀ ਸ਼ਮੂਲੀਅਤ ਹੋਵੇਗੀ। ਵਿਧਾਇਕ ਸੇਖੋਂ ਨੇ ਦੱਸਿਆ ਕਿ ਇਸ ਮੇਲੇ ਦਾ ਮੁੱਖ ਸਮਾਗਮ 23 ਸਤੰਬਰ ਨੂੰ ਹੋਵੇਗਾ, ਜਿਸ ਵਿੱਚ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਸ. ਖੁੱਡੀਆਂ ਕੋਲ ਖੇਤੀਬਾੜੀ ਤੇ ਕਿਸਾਨ ਭਲਾਈ, ਪਸ਼ੂ ਪਾਲਣ, ਮੱਛੀ ਪਾਲਣ ਤੇ ਡੇਅਰੀ ਵਿਕਾਸ ਅਤੇ ਫੂਡ ਪ੍ਰੋਸੈਸਿੰਗ ਵਿਭਾਗ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਕਿਸਾਨ ਮੇਲਾ ਕਿਸਾਨਾਂ ਨੂੰ ਖੇਤੀਬਾੜੀ ਦੇ ਆਧੁਨਿਕ ਤਰੀਕਿਆਂ, ਨਵੀਂ ਤਕਨੀਕ, ਮਸ਼ੀਨਰੀ, ਫਸਲਾਂ ਦੀ ਵਿਭਿੰਨਤਾ, ਖੇਤੀਬਾੜੀ ਨਾਲ ਸਬੰਧਤ ਸਰਕਾਰੀ ਸਕੀਮਾਂ ਅਤੇ ਨਵੀਆਂ ਖੇਤੀਬਾੜੀ ਸੰਭਾਵਨਾਵਾਂ ਬਾਰੇ ਜਾਣਕਾਰੀ ਦੇਣ ਲਈ ਇੱਕ ਮਹੱਤਵਪੂਰਨ ਮੰਚ ਸਾਬਤ ਹੋਵੇਗਾ। ਇਸ ਦੌਰਾਨ ਕਿਸਾਨਾਂ ਨੂੰ ਮਾਹਿਰਾਂ ਨਾਲ ਵਿਚਾਰ-ਵਟਾਂਦਰਾ ਕਰਨ ਅਤੇ ਖੇਤੀਬਾੜੀ ਖੇਤਰ ਵਿੱਚ ਹੋ ਰਹੀਆਂ ਨਵੀਆਂ ਤਬਦੀਲੀਆਂ ਬਾਰੇ ਜਾਣਨ ਦਾ ਮੌਕਾ ਮਿਲੇਗਾ। ਉਨ੍ਹਾਂ ਦੱਸਿਆ ਕਿ ਮੇਲੇ ਦੌਰਾਨ ਮੱਝਾਂ, ਗਾਵਾਂ, ਘੋੜਿਆਂ ਆਦਿ ਦੇ ਮੁਕਾਬਲੇ, ਖੇਤੀਬਾੜੀ ਨਾਲ ਸਬੰਧਤ ਪ੍ਰਦਰਸ਼ਨੀਆਂ ਅਤੇ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾਣਗੀਆਂ। ਇਸ ਤੋਂ ਇਲਾਵਾ ਕਿਸਾਨਾਂ ਅਤੇ ਪਸ਼ੂ ਪਾਲਕਾਂ ਨੂੰ ਸਰਕਾਰੀ ਸਕੀਮਾਂ, ਪਸ਼ੂਆਂ ਦੀ ਸਿਹਤ ਸੰਭਾਲ, ਡੇਅਰੀ ਵਿਕਾਸ ਅਤੇ ਆਧੁਨਿਕ ਖੇਤੀ ਤੇ ਪਸ਼ੂ ਪਾਲਣ ਸਬੰਧੀ ਜਾਣਕਾਰੀ ਵੀ ਮੁਹੱਈਆ ਕਰਵਾਈ ਜਾਵੇਗੀ।




ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਪੰਜਾਬ ਭਰ ਦੇ ਕਿਸਾਨਾਂ ਅਤੇ ਪਸ਼ੂ ਪਾਲਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਵੱਧ ਤੋਂ ਵੱਧ ਪਸ਼ੂਆਂ ਸਮੇਤ ਇਸ ਮੇਲੇ ਵਿੱਚ ਪਹੁੰਚਣ ਅਤੇ ਇਸ ਮੇਲੇ ਦੀ ਸ਼ਾਨ ਵਧਾਉਣ। ਉਨ੍ਹਾਂ ਕਿਹਾ ਕਿ ਕਿਸਾਨਾਂ ਅਤੇ ਪਸ਼ੂ ਪਾਲਕਾਂ ਦੀ ਵੱਡੀ ਸ਼ਮੂਲੀਅਤ ਨਾਲ ਇਹ ਮੇਲਾ ਗਿਆਨ, ਤਜਰਬੇ ਅਤੇ ਨਵੀਆਂ ਤਕਨੀਕਾਂ ਦੇ ਅਦਾਨ-ਪ੍ਰਦਾਨ ਲਈ ਇੱਕ ਵਿਸ਼ਾਲ ਮੰਚ ਬਣੇਗਾ। ਵਿਧਾਇਕ ਸੇਖੋਂ ਨੇ ਕਿਹਾ ਕਿ ਫ਼ਰੀਦਕੋਟ ਵਿੱਚ ਹੋਣ ਵਾਲਾ ਇਹ ਪਹਿਲਾ ਪਸ਼ੂ ਧਨ ਤੇ ਕਿਸਾਨ ਮੇਲਾ ਕਿਸਾਨਾਂ ਅਤੇ ਪਸ਼ੂ ਪਾਲਕਾਂ ਲਈ ਇੱਕ ਮਹੱਤਵਪੂਰਨ ਮੌਕਾ ਹੈ। ਉਨ੍ਹਾਂ ਪੰਜਾਬ ਦੇ ਹਰ ਕੋਨੇ ਤੋਂ ਕਿਸਾਨਾਂ ਅਤੇ ਪਸ਼ੂ ਪਾਲਕਾਂ ਨੂੰ ਸੱਦਾ ਦਿੰਦਿਆਂ ਕਿਹਾ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਫ਼ਰੀਦਕੋਟ ਪਹੁੰਚਣ ਅਤੇ ਇਸ ਇਤਿਹਾਸਕ ਮੇਲੇ ਨੂੰ ਯਾਦਗਾਰ ਬਣਾਉਣ।

## ਪੀ.ਏ.ਯੂ. ਦੇ ਕਿਸਾਨ ਮੇਲੇ ਵਿਚ ਖੇਤੀ ਕਾਰਜਾਂ ਲਈ ਸਨਮਾਨਿਤ ਹੋਣਗੇ ਅਗਾਂਹਵਧੂ ਕਿਸਾਨ

ਵਰਲਡ ਪੰਜਾਬੀ ਟਾਈਮਜ਼

ਲੁਧਿਆਣਾ 16 ਸਤੰਬਰ : ਪੀ.ਏ.ਯੂ. ਵਿਖੇ 18-19 ਸਤੰਬਰ ਨੂੰ ਹਾੜ੍ਹੀ ਦੀਆਂ ਫਸਲਾਂ ਲਈ ਲਾਏ ਜਾ ਰਹੇ ਕਿਸਾਨ ਮੇਲੇ ਦੇ ਪਹਿਲੇ ਦਿਨ ਉਦਘਾਟਨੀ ਸਮਾਰੋਹ ਸਮੇਂ ਮੰਚ ਤੋਂ ਅਗਾਂਹਵਧੂ ਕਿਸਾਨਾਂ ਨੂੰ ਸਨਮਾਨਿਤ ਕੀਤਾ ਜਾਵੇਗਾ| ਇਸ ਬਾਰੇ ਗੱਲਬਾਤ ਕਰਦਿਆਂ ਨਿਰਦੇਸ਼ਕ ਪਸਾਰ ਸਿੱਖਿਆ ਡਾ. ਮੱਖਣ ਸਿੰਘ ਭੁੱਲਰ ਨੇ ਦੱਸਿਆ ਕਿ ਪੀ.ਏ.ਯੂ. ਨਵੀਆਂ ਖੇਤੀ ਤਕਨੀਕਾਂ ਅਤੇ ਕੁਦਰਤੀ ਸਰੋਤਾਂ ਦੀ ਸੰਭਾਲ ਦੇ ਨਾਲ-ਨਾਲ ਬਾਗਬਾਨੀ, ਸਹਾਇਕ ਕਿੱਤਿਆਂ ਅਤੇ ਹੋਰ ਖੇਤੀ ਕਾਰਜਾਂ ਲਈ ਲੀਹ ਪਾੜਨ ਵਾਲੇ ਕਿਸਾਨਾਂ ਨੂੰ ਕਿਸਾਨਾਂ ਨੂੰ ਸਨਮਾਨਿਤ ਕਰਦੀ ਹੈ| ਇਸਦਾ ਉਦੇਸ਼ ਹੋਰ ਕਿਸਾਨਾਂ ਨੂੰ ਵਿਗਿਆਨਕ ਖੇਤੀ ਨਾਲ ਜੋੜ ਕੇ ਉਤਸ਼ਾਹਿਤ ਕਰਨਾ ਹੈ| ਉਹਨਾਂ ਦੱਸਿਆ ਕਿ ਮੇਲੇ ਦੇ ਉਦਘਾਟਨੀ ਸਮਾਰੋਹ ਦੌਰਾਨ ਕਿਸਾਨਾਂ ਨੂੰ ਸਨਮਾਨ ਦਿੱਤੇ ਜਾਣਗੇ|



ਇਹਨਾਂ ਵਿੱਚੋਂ ਸ. ਗੁਰਮੀਤ ਸਿੰਘ ਸਪੁੱਤਰ ਜੋਗਿੰਦਰ ਰਾਮ ਪਿੰਡ ਖੇੜਾ ਕੋਟਲੀ, ਹੁਸ਼ਿਆਰਪੁਰ ਨੂੰ ਸ. ਸੁਰਜੀਤ ਸਿੰਘ ਢਿੱਲੋਂ ਪੁਰਸਕਾਰ ਦਿੱਤਾ ਜਾ ਰਿਹਾ ਹੈ| ਇਹ ਅਗਾਂਹਵਧੂ ਕਿਸਾਨ ਖੇਤੀ ਵਿਚ 30 ਸਾਲ ਦਾ ਤਜਰਬਾ ਰੱਖਦਾ ਹੈ ਅਤੇ ਇਸਨੇ ਸਹਾਇਕ ਕਿੱਤੇ ਅਪਣਾ ਕੇ ਆਪਣੀ ਪਰਿਵਾਰ ਦੀ ਆਮਦਨ ਵਿੱਚ ਚੋਖਾ ਮੁਨਾਫ਼ਾ ਕੀਤਾ ਹੈ| ਸ. ਗੁਰਮੀਤ ਸਿੰਘ ਕਈ ਅਗਾਂਹਵਧੂ ਸੰਸਥਾਵਾਂ, ਫਾਰਮਾਂ ਤੋਂ ਸਿਖਲਾਈਆਂ ਪ੍ਰਾਪਤ ਕਰ ਚੁੱਕਾ ਹੈ|

ਇਸੇ ਤਰ੍ਹਾਂ ਸ. ਸੁਰਜੀਤ ਸਿੰਘ ਢਿੱਲੋਂ ਖੁਦ ਕਾਸ਼ਤਕਾਰ ਛੋਟੇ ਕਿਸਾਨ ਪੁਰਸਕਾਰ ਜ਼ਿਲ੍ਹਾ ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਮਾਲਾਖੇੜੀ ਦੇ 32 ਸਾਲਾ ਨੌਜਵਾਨ ਕਿਸਾਨ ਸ. ਜੋਬਨਦੀਪ ਸਿੰਘ ਸਪੁੱਤਰ ਸ. ਗੱਜਣ ਸਿੰਘ ਨੂੰ ਦਿੱਤਾ ਜਾ ਰਿਹਾ ਹੈ| ਇਸ ਕਿਸਾਨ ਨੇ ਜੈਵਿਕ ਖੇਤੀ ਦੇ ਨਾਲ-ਨਾਲ ਵਾਤਾਵਰਨ ਦੀ ਸੰਭਾਲ ਲਈ ਯੂਨੀਵਰਸਿਟੀ ਵੱਲੋਂ ਸਿਫ਼ਾਰਸ਼ ਕੀਤੀਆਂ ਬਹੁਤ ਸਾਰੀਆਂ ਤਕਨੀਕਾਂ ਨੂੰ ਅਪਣਾ ਕੇ ਆਪਣੀ ਖੇਤੀ ਨੂੰ ਸਫਲਤਾ ਵੱਲ ਤੋਰਿਆ ਹੈ|

ਪ੍ਰਵਾਸੀ ਭਾਰਤੀ ਪੁਰਸਕਾਰਾਂ ਲਈ ਜਿਨ੍ਹਾਂ ਦੋ ਕਿਸਾਨਾਂ ਦੀ ਚੋਣ ਹੋਈ ਉਹਨਾਂ ਵਿੱਚ ਸ. ਗੁਰਦਿਆਲ ਸਿੰਘ ਸਪੁੱਤਰ ਸ. ਨੰਦ ਸਿੰਘ ਜ਼ਿਲ੍ਹਾ ਗੁਰਦਾਸਪੁਰ ਦੇ ਬਲਾਕ ਕਾਹਨੂੰਵਾਨ ਦੇ ਪਿੰਡ ਸੱਲੋਪੁਰ ਦੇ ਵਸਨੀਕ 60 ਸਾਲਾ ਕਿਸਾਨ ਹਨ| ਮੈਟ੍ਰਿਕ ਤੱਕ ਦੀ ਵਿੱਦਿਆ ਹਾਸਲ ਕਰਨ ਵਾਲੇ ਇਸ ਕਿਸਾਨ ਨੇ 8 ਏਕੜ ਨਿੱਜੀ ਮਾਲਕੀ ਵਾਲੀ ਜ਼ਮੀਨ ਦੇ ਨਾਲ 12 ਏਕੜ ਜ਼ਮੀਨ ਠੇਕੇ ਤੇ ਲੈ ਕੇ ਖੇਤੀ ਵੰਨ ਸੁਵੰਨਤਾ ਦਾ ਸਫਲ ਮਾਡਲ ਆਪਣੀ ਕਾਸ਼ਤਕਾਰੀ ਵਿੱਚ ਸਾਕਾਰ ਕੀਤਾ ਹੈ|

ਇਸੇ ਵਰਗ ਵਿਚ ਦੂਜਾ ਇਨਾਮ ਫਰੀਦਕੋਟ ਵਾਸੀ 34 ਸਾਲਾ ਬਲਧੀਰ ਸਿੰਘ ਭੁੱਲਰ ਸਪੁੱਤਰ ਸ. ਬਲਕਰਨ ਸਿੰਘ ਭੁੱਲਰ ਦੀ ਝੋਲੀ ਪਿਆ ਜੋ ਖੇਤੀ ਵੰਨ-ਸੁਵੰਨਤਾ ਨਾਲ ਜੁੜੇ ਵਿਗਿਆਨਕ ਸੋਚ ਵਾਲੇ ਅਗਾਂਹਵਧੂ ਕਿਸਾਨ ਹਨ| ਬਲਧੀਰ ਸਿੰਘ ਭੁੱਲਰ ਨੇ ਪਿਛਲੇ 18 ਸਾਲ ਤੋਂ ਖੇਤੀ ਨੂੰ ਕਣਕ-ਝੋਨੇ ਦੇ ਫਸਲੀ ਚੱਕਰ ਦੀ ਥਾਂ ਲਗਾਤਾਰ ਆਮਦਨ ਦੇਣ ਵਾਲੇ ਅਤੇ ਮੁਨਾਫ਼ੇਯੋਗ ਕਿੱਤੇ ਵਜੋਂ ਵਿਕਸਿਤ ਕਰਨ ਲਈ ਪੂਰਾ ਜ਼ੋਰ ਲਾਇਆ ਹੈ|

ਸ. ਦਲੀਪ ਸਿੰਘ ਧਾਲੀਵਾਲ ਯਾਦਗਾਰੀ ਪੁਰਸਕਾਰ ਲਈ ਜ਼ਿਲ੍ਹਾ ਪਟਿਆਲਾ ਦੇ ਪਿੰਡ ਮਦਾਰਪੁਰ ਦੇ ਕਿਸਾਨ ਸ. ਕੁਲਵਿੰਦਰ ਸਿੰਘ ਪੁੱਤਰ ਲਾਲ ਸਿੰਘ ਦੀ ਚੋਣ ਹੋਈ ਹੈ| ਇਸ ਕਿਸਾਨ ਨੇ ਖੇਤ ਫਸਲਾਂ ਲਈ ਵਿਕਸਿਤ ਤਕਨੀਕਾਂ ਅਪਨਾਉਣ ਦੇ ਨਾਲ-ਨਾਲ ਵਾਤਾਵਰਨ ਪੱਖੀ ਸਿਫ਼ਾਰਸ਼ਾਂ ਆਪਣੇ ਖੇਤਾਂ ਵਿਚ ਲਾਗੂ ਕਰਕੇ ਹੋਰ ਕਿਸਾਨਾਂ ਲਈ ਪ੍ਰੇਰਨਾਦਾਇਕ ਕਾਰਜ ਕੀਤਾ ਹੈ|

ਸ. ਉਜਾਗਰ ਸਿੰਘ ਧਾਲੀਵਾਲ ਯਾਦਗਾਰੀ ਪੁਰਸਕਾਰ ਜੋ ਸਬਜ਼ੀਆਂ ਨੂੰ ਘੱਟੋ ਘੱਟ 60 ਫੀਸਦੀ ਰਕਬੇ ਵਿਚ ਉਗਾਉਂਦਾ ਕਿਸਾਨ ਹੋਵੇ ਨੂੰ ਦਿੱਤਾ ਜਾਂਦਾ ਹੈ| ਇਸ ਵਾਰ ਇਸ ਇਨਾਮ ਗੁਣਾ ਜ਼ਿਲ੍ਹਾ ਫਿਰੋਜ਼ਪੁਰ ਦੇ ਪਿੰਡ ਰਹਿਮੇ-ਕੇ-ਉਤਾੜ ਦੇ ਕਿਸਾਨ ਸ. ਮਨਪ੍ਰੀਤ ਸਿੰਘ ਪੁੱਤਰ ਮਹਿੰਦਰ ਸਿੰਘ ਉੱਪਰ ਪਿਆ ਹੈ| ਇਹ ਇਨਾਮ ਉਹਨਾਂ ਨੂੰ ਸਬਜ਼ੀਆਂ ਦੇ ਖੇਤਰ ਵਿਚ ਵਿਕਸਿਤ ਤਕਨੀਕਾਂ ਅਪਨਾਉਣ ਲਈ ਦਿੱਤਾ ਜਾਵੇਗਾ|

ਇਸ ਤੋਂ ਇਲਾਵਾ ਭਾਈ ਬਾਬੂ ਸਿੰਘ ਬਰਾੜ ਛੱਪੜ ਪੁਰਸਕਾਰ ਜ਼ਿਲ੍ਹਾ ਪਟਿਆਲਾ ਦੇ ਪਿੰਡ ਮੋਹੀਕਲਾਂ ਦੀ ਪੰਚਾਇਤ ਨੂੰ ਪ੍ਰਦਾਨ ਕੀਤਾ ਜਾਵੇਗਾ|

ਅਪਰ ਨਿਰਦੇਸ਼ਕ ਸੰਚਾਰ ਡਾ. ਤੇਜਿੰਦਰ ਸਿੰਘ ਰਿਆੜ ਨੇ ਕਿਹਾ ਕਿ ਇਹ ਕਿਸਾਨ ਆਪਣੇ ਇਲਾਕੇ ਦੇ ਛੋਟੇ ਅਤੇ ਦਰਮਿਆਨੇ ਕਿਸਾਨਾਂ ਲਈ ਚਾਨਣ-ਮੁਨਾਰੇ ਸਾਬਿਤ ਹੋਏ ਹਨ| ਉਹਨਾਂ ਹੋਰ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਇਸ ਮੇਲੇ ਵਿਚ ਪਹੁੰਚ ਕੇ ਸੀਮਤ ਸਰੋਤਾਂ ਰਾਹੀਂ ਪਰਿਵਾਰਕ ਆਮਦਨ ਵਧਾਉਣ ਦੇ ਨੁਕਤੇ ਇਹਨਾਂ ਕਿਸਾਨਾਂ ਕੋਲੋਂ ਸਿੱਖਣ ਅਤੇ ਪਰਿਵਾਰਾਂ ਸਮੇਤ ਕਿਸਾਨ ਮੇਲੇ ਵਿਚ ਸ਼ਾਮਿਲ ਹੋਣ|

## ਗ਼ਜ਼ਲ

ਵਰਲਡ ਪੰਜਾਬੀ ਟਾਈਮਜ਼
ਗੁਰਭਜਨ ਗਿੱਲ

ਦਮ ਘੁੱਟ ਅੰਦਰੇ ਮਰ ਜਾਂਦੇ ਨੇ,
ਕੱਚ ਦੇ ਮਹਿਲ ਉਸਾਰਨ ਵਾਲੇ।
ਲੱਭ ਕੇ ਦੱਸੋ, ਕਿੱਥੇ ਨੇ ਉਹ,
ਹਰ ਥਾਂ ਸਾਨੂੰ ਚਾਰਨ ਵਾਲੇ।

ਮੈਂ ਸੁਣਿਆ ਹੈ ਕਬਰੀਂ ਸੁੱਤੇ
ਸ਼ਰਮਸਾਰ ਨੇ ਧਰਤੀ ਅੰਦਰ,
ਰੰਬੀਆਂ ਨਾਲ ਸੀ ਲਾਹੁੰਦੇ ਖੋਪਰ,
ਤਨ ਦਾ ਪੋਸ਼ ਉਤਾਰਨ ਵਾਲੇ।

ਕਿੱਧਰ ਤੁਰ ਗਏ ਨੇ ਪਤਵੰਤੇ,
ਧਨਵੰਤੇ ਨੂੰ ਕਹਿੰਦੇ ਟਿਕ ਜਾ,
ਉਹ ਪੰਚਾਇਤੀ ਬੰਦੇ ਲੱਭੋ,
ਹੱਕ ਤੇ ਸੱਚ ਨਿਤਾਰਨ ਵਾਲੇ।

ਵਰਤਮਾਨ ਵਿੱਚ ਏਸੇ ਕਰਕੇ,
ਬਣ ਬੈਠੇ ਹੁਣ ਨਰਕ-ਨਿਵਾਸੀ,
ਧਰਮ ਗੁਆ ਕੇ ਭਰਮ ਪਾਲ਼ਦੇ,
ਅਗਲਾ ਜਨਮ ਸੰਵਾਰਨ ਵਾਲੇ।

ਤੇਗ਼ ਤੀਰ ਹਥਿਆਰਾਂ ਵਾਲੇ,
ਵਕਤ-ਕਟਹਿਰੇ ਵਿੱਚ ਨੇ ਸਾਰੇ,
ਹਾਲੇ ਤੱਕ ਵੀ ਬੜ੍ਹਕ ਰਹੇ ਨੇ,
ਸੀਸ ਤਲ਼ੀ ਧਰ ਵਾਰਨ ਵਾਲੇ।

ਜਾਣ ਵਾਲ਼ਿਆ, ਜਾਂਦਾ ਜਾਂਦਾ,
ਸਬਕ-ਸਦੀਵੀ ਦੇ ਜਾਂ ਕੋਈ,
ਇੱਕ ਦੋ ਬੋਲ ਸੰਭਾਲ ਜਾ ਸਾਨੂੰ,
ਤਪਦਾ ਹਿਰਦਾ ਠਾਰਨ ਵਾਲੇ।

ਜਿਵੇਂ ਨਦੀਨ ਧਰਤਿ ਦੇ ਜਾਏ
ਸਦਾ ਸਲਾਮਤ ਆਦਿ- ਜੁਗਾਦੋਂ,
ਅਸੀਂ ਜਿਊਂਦੇ,ਅਸੀਂ ਜਾਗਦੇ,
ਮਰ ਗਏ ਸਾਨੂੰ ਮਾਰਨ ਵਾਲੇ।

## ਲਾਅ ਕਾਲਜ ਦੇ ਵਿਦਿਆਰਥੀ ਨੇ ਜਿੱਤਿਆ ਬੈਸਟ ਸਪੀਕਰ ਐਵਾਰਡ

ਵਰਲਡ ਪੰਜਾਬੀ ਟਾਈਮਜ਼



ਫਰੀਦਕੋਟ, 16 ਸਤੰਬਰ : ਸਥਾਨਕ ਬਾਬਾ ਫਰੀਦ ਲਾਅ ਕਾਲਜ ਵੱਲੋਂ ਮਾਨਯੋਗ ਚੇਅਰਮੈਨ ਸਵ. ਸ. ਇੰਦਰਜੀਤ ਸਿੰਘ ਖਾਲਸਾ ਜੀ ਦੀ ਅਗਾਂਹਵਧੂ ਸੋਚ ਨੂੰ ਅੱਗੇ ਵਧਾਉਂਦੇ ਹੋਏ ਸ. ਸਿਮਰਜੀਤ ਸਿੰਘ ਸੇਖੋਂ (ਚੇਅਰਮੈਨ) ਦੀ ਰਹਿਨੁਮਾਈ ਅਤੇ ਪ੍ਰਿੰਸੀਪਲ ਡਾ. ਵਰਿੰਦਰ ਕੁਮਾਰ ਕੌਸ਼ਿਕ ਦੀ ਅਗਵਾਈ ਹੇਠ ਕਾਲਜ ਦੇ ਵਿਦਿਆਰਥੀ ਦਲਜੀਤ ਸਿੰਘ ਨੇ 373 ਯੂਨੀਵਰਸਿਟੀ ਮੋਹਾਲੀ ਵਿਖੇ ਕਰਵਾਏ M"N ਵਿੱਚ ਭਾਗ ਲੈ ਕੇ 'ਬੈਸਟ ਸਪੀਕਰ' ਐਵਾਰਡ ਜਿੱਤਿਆ। ਜਿਕਰਯੋਗ ਹੈ ਕਿ ਇਹ ਮੁਕਾਬਲਾ ਸੀਜੀਸੀ ਯੂਨੀਵਰਸਿਟੀ, ਮੋਹਾਲੀ ਵਿਖੇ 11 ਸਤੰਬਰ ਨੂੰ ਆਯੋਜਿਤ ਕੀਤਾ ਗਿਆ ਸੀ। ਇਸ M"N ਵਿੱਚ ਵੱਖ-ਵੱਖ ਕਾਲਜਾਂ ਅਤੇ ਯੂਨੀਵਰਸਿਟੀਆਂ ਤੋਂ ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੌਕੇ ਦਲਜੀਤ ਸਿੰਘ ਨੇ ਆਪਣੇ ਪ੍ਰਭਾਵਸ਼ਾਲੀ ਭਾਸ਼ਣ, ਤੱਥਾਂ-ਅਧਾਰਿਤ ਤਰਕ, ਸੰਸਦੀ ਸ਼ੈਲੀ ਅਤੇ ਵਿਸ਼ੇ ਦੀ ਡੂੰਘੀ ਸਮਝ ਨਾਲ ਆਪਣੀ ਵੱਖਰੀ ਪਛਾਣ ਬਣਾਈ। ਵਿਦਿਆਰਥੀ ਦੇ ਕਾਲਜ ਪਹੁੰਚਣ 'ਤੇ ਕਾਲਜ ਦੇ ਪ੍ਰਿੰਸੀਪਲ ਡਾ. ਵਰਿੰਦਰ ਕੁਮਾਰ ਕੌਸ਼ਿਕ ਨੇ ਵਿਦਿਆਰਥੀ ਨੂੰ ਸਨਮਾਨਿਤ ਕੀਤਾ ਅਤੇ ਵਧਾਈਆਂ ਦਿੱਤੀਆਂ। ਉਹਨਾਂ ਕਿਹਾ ਕਿ ਇਸ ਵਿਦਿਆਰਥੀ ਨੇ ਆਪਣੀ ਸ਼ਾਨਦਾਰ ਪ੍ਰਤਿਭਾ ਦਾ ਪ੍ਰਦਰਸ਼ਨ ਕਰਦਿਆਂ ਕਾਲਜ ਦਾ ਨਾਮ ਰੌਸ਼ਨ ਕੀਤਾ ਹੈ। ਇਸ ਮੌਕੇ ਡਾ. ਮੋਹਣ ਸਿੰਘ ਸੱਗੂ, ਡਾ. ਨਵਜੋਤ ਕੌਰ ਅਤੇ ਮਨਿੰਦਰ ਸਿੰਘ ਵੀ ਮੌਜੂਦ ਰਹੇ।

## ਕ੍ਰਿਸ਼ੀ ਵਿਗਿਆਨ ਕੇਂਦਰ ਰੌਣੀ (ਪਟਿਆਲਾ) ਵਿਖੇ ਹਾੜ੍ਹੀ ਦੀਆਂ ਫ਼ਸਲਾਂ ਲਈ ਪੀ. ਏ. ਯੂ. ਵੱਲੋਂ ਕਿਸਾਨ ਮੇਲਾ ਆਯੋਜਿਤ ਹੋਇਆ

### ਖੇਤੀ ਆਮਦਨ ਵਧਾਉਣ ਲਈ ਵਿਗਿਆਨਕ ਢੰਗ ਅਪਣਾਉਣੇ ਸਮੇਂ ਦੀ ਲੋੜ : ਡਾ. ਦਵਿੰਦਰ ਸਿੰਘ ਚੀਮਾ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ 16 ਸਤੰਬਰ : ਹਾੜ੍ਹੀ ਦੀਆਂ ਫ਼ਸਲਾਂ ਲਈ ਸਤੰਬਰ ਮਹੀਨੇ ਦੌਰਾਨ ਪੀ.ਏ.ਯੂ. ਵਲੋਂ ਕਰਵਾਏ ਜਾਂਦੇ ਕਿਸਾਨ ਮੇਲਿਆਂ ਦੀ ਲੜੀ ਅੰਤਰਗਤ ਅੱਜ ਕ੍ਰਿਸ਼ੀ ਵਿਗਿਆਨ ਕੇਂਦਰ, ਰੌਣੀ (ਪਟਿਆਲਾ) ਵਿੱਚ ਕਿਸਾਨ ਮੇਲਾ ਆਯੋਜਿਤ ਕੀਤਾ ਗਿਆ। ਇਸ ਮੇਲੇ ਦੇ ਮੁੱਖ ਮਹਿਮਾਨ ਡਾ. ਦਵਿੰਦਰ ਸਿੰਘ ਚੀਮਾ, ਮੈਂਬਰ ਪ੍ਰਬੰਧਕੀ ਬੋਰਡ ਪੀ.ਏ.ਯੂ. ਸਨ। ਮੇਲੇ ਦੀ ਪ੍ਰਧਾਨਗੀ ਪੀ.ਏ.ਯੂ ਦੇ ਨਿਰਦੇਸ਼ਕ ਖੋਜ ਡਾ. ਅਜਮੇਰ ਸਿੰਘ ਢੱਟ ਨੇ ਕੀਤੀ। ਇਸ ਤੋਂ ਇਲਾਵਾ ਨਿਰਦੇਸ਼ਕ ਪਸਾਰ ਸਿੱਖਿਆ, ਡਾ ਮੱਖਣ ਸਿੰਘ ਭੁੱਲਰ, ਯੂਨੀਵਰਸਿਟੀ ਉੱਚ ਅਧਿਕਾਰੀ ਅਤੇ ਵੱਖ ਵੱਖ ਵਿਭਾਗਾਂ ਦੇ ਮੁਖੀ ਸਹਿਬਾਨ ਵੀ ਮੰਚ ਤੇ ਮੌਜੂਦ ਸਨ।

ਮੁੱਖ ਮਹਿਮਾਨ ਡਾ. ਦਵਿੰਦਰ ਸਿੰਘ ਚੀਮਾ, ਮੈਂਬਰ ਪ੍ਰਬੰਧਕੀ ਬੋਰਡ ਪੀ.ਏ.ਯੂ. ਨੇ ਬੋਲਦਿਆਂ ਕਿਹਾ ਕਿ ਇਹ ਮੇਲੇ ਕਿਸਾਨਾਂ ਤੋਂ ਮਾਹਿਰਾਂ ਦੇ ਸਿੱਖਣ ਅਤੇ ਉਨ੍ਹਾਂ ਨੂੰ ਸਿਖਾਉਣ ਦਾ ਮੌਕਾ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਮੇਲਿਆਂ ਦਾ ਉਦੇਸ਼ 'ਵਿਗਿਆਨਕ ਢੰਗ ਅਪਣਾਓ, ਖੇਤੀ ਆਮਦਨ ਵਧਾਓ' ਰੱਖਿਆ ਗਿਆ ਹੈ। ਡਾ. ਚੀਮਾ ਨੇ ਕਿਹਾ ਕਿ ਯੂਨੀਵਰਸਿਟੀ ਨੇ ਇਨ੍ਹਾਂ ਮੇਲਿਆਂ ਦੀ ਸ਼ੁਰੂਆਤ ਕਰਕੇ ਦੇਸ਼ ਦੁਨੀਆਂ ਨੂੰ ਖੇਤੀ ਮਾਹਿਰਾਂ ਅਤੇ ਕਿਸਾਨਾਂ ਦੀ ਸਾਂਝ ਦਾ ਨਵਾਂ ਮਾਡਲ ਦਿੱਤਾ ਸੀ। ਉਨ੍ਹਾਂ ਦੱਸਿਆ ਕਿ ਯੂਨੀਵਰਸਿਟੀ ਵੱਲੋਂ ਕਿਸਾਨ ਮੇਲਾ 1967 ਵਿੱਚ ਪੀ.ਏ.ਯੂ ਦੇ ਮੁਖ ਕੈਂਪਸ ਲੁਧਿਆਣਾ ਵਿਖੇ ਲਾਉਣਾ ਸ਼ੁਰੂ ਕੀਤਾ ਸੀ। ਯੂਨੀਵਰਸਿਟੀ ਨੇ ਕਿਸਾਨਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਇਹ ਮੇਲੇ ਪੰਜਾਬ ਦੇ ਵੱਖ ਵੱਖ ਖੇਤਰਾਂ ਵਿੱਚ ਲਾਉਣੇ ਸ਼ੁਰੂ ਕੀਤੇ। ਯੂਨੀਵਰਸਿਟੀ ਦੀਆਂ ਖੋਜਾ ਬਾਰੇ ਦੱਸਦਿਆ ਉਨ੍ਹਾਂ ਦੱਸਿਆ ਕਿ ਪੀ.ਏ.ਯੂ ਘੱਟੋ ਘੱਟ ਤਿੰਨ ਸਾਲ ਤੱਕ ਨਵੀਆਂ ਕਿਸਮਾਂ ਦਾ ਤਜਰਬਾ ਕਰਕੇ ਹੀ ਨਵੇਂ ਬੀਜਾਂ ਦੀਆਂ ਸਿਫਾਰਸ਼ਾਂ ਖੇਤੀ ਮੇਲਿਆਂ ਵਿੱਚ ਕਿਸਾਨਾਂ ਲਈ ਕਰਦੀ ਹੈ। ਡਾ. ਚੀਮਾ ਨੇ ਕਿਸਾਨਾਂ ਨੂੰ ਵੱਧ ਮੁਨਾਫਾ ਪ੍ਰਾਪਤ ਕਰਨ ਲਈ ਫਸਲਾਂ ਦੀ ਪ੍ਰੋਸੈਸਿੰਗ ਦੇ ਨਾਲ ਨਾਲ ਖੁਦ ਮੰਡੀਕਰਨ ਕਰਨ ਦੀ ਵੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਬਾਜ਼ਾਰ ਉਪਰ ਨਿਰਭਰਤਾ ਘਟਾ ਕੇ ਆਪਣੀ ਰਸੋਈ ਵਿੱਚ ਵਰਤੀਆਂ ਜਾਣ ਵਾਲੀਆਂ ਚੀਜਾਂ ਆਪਣੇ ਖੇਤ ਵਿੱਚ ਹੀ ਪੈਦਾ ਕਰਨੀਆਂ ਚਾਹੀਦੀਆਂ ਹਨ। ਉਨ੍ਹਾਂ ਦੱਸਿਆ ਕਿ ਪੀ.ਏ.ਯੂ ਆਪਣੇ ਸੀਮਤ ਬਜਟ ਵਿੱਚੋਂ ਕਿਸਾਨਾਂ ਲਈ ਹਰ ਸਾਲ ਨਵੀਆਂ ਖੋਜਾਂ ਕਰਨ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਕਿਸਾਨਾਂ ਅਤੇ ਵਿਗਿਆਨੀਆਂ ਦੀ ਸਾਂਝ ਨਾਲ ਹੀ ਪੀ.ਏ.ਯੂ ਭਾਰਤ ਦੀਆਂ ਖੇਤੀ ਯੂਨੀਵਰਸਿਟੀਆਂ ਵਿੱਚੋਂ ਇੱਕ ਨੰਬਰ ਉਪਰ ਬਰਕਰਾਰ ਹੈ। ਡਾ. ਚੀਮਾ ਨੇ ਝੋਨੇ ਦੀ ਪਰਾਲੀ ਨੂੰ ਅੱਗ ਲਾਉਣ ਦੀ ਸਮੱਸਿਆ ਬਾਰੇ ਬੋਲਦਿਆਂ ਕਿਹਾ ਕਿ ਪਰਾਲੀ ਸਾੜਨ ਦਾ ਨੁਕਸਾਨ ਕਿਸਾਨ ਦਾ ਖੁਦ ਦਾ ਵਧੇਰੇ ਹੁੰਦਾ ਹੈ। ਮਿੱਟੀ ਦੀ ਸਿਹਤ ਸੁਧਾਰਨ ਲਈ ਪਰਾਲੀ ਨੂੰ ਖੇਤ ਵਿਚ ਵਾਹੁਣ ਦਾ ਅਹਿਦ ਵੀ ਅਜੋਕੇ ਕਿਸਾਨਾਂ ਨੂੰ ਕਰਨਾ ਚਾਹੀਦਾ ਹੈ। ਉਨ੍ਹਾਂ ਝੋਨੇ ਦੀ ਪਰਾਲੀ ਦੀ ਸਾਂਭ ਸੰਭਾਲ ਲਈ ਯੂਨੀਵਰਸਿਟੀ ਵੱਲੋਂ ਸਿਫਾਰਸ਼ ਕੀਤੀਆਂ ਮਸ਼ੀਨਾ ਦਾ ਵਿਸ਼ੇਸ਼ ਤੌਰ 'ਤੇ ਜਿਕਰ ਕੀਤਾ। ਕਿਸਾਨ ਭਾਈਚਾਰੇ ਨੂੰ ਵਿਗਿਆਨਕ ਸਿਫਾਰਸ਼ਾਂ ਅਤੇ ਨਵੀਆਂ ਖੇਤੀ ਤਕਨੀਕਾਂ ਨਾਲ ਜੁੜੇ ਰਹਿਣ ਦੀ ਅਪੀਲ ਕੀਤੀ।




ਪੀ.ਏ.ਯੂ. ਦੇ ਨਿਰਦੇਸ਼ਕ ਖੋਜ ਡਾ. ਅਜਮੇਰ ਸਿੰਘ ਢੱਟ ਨੇ ਹਾੜ੍ਹੀ ਦੀਆਂ ਫ਼ਸਲਾਂ ਸੰਬੰਧੀ ਯੂਨੀਵਰਸਿਟੀ ਦੀਆਂ ਸਿਫਾਰਿਸ਼ਾਂ ਵਿਸਥਾਰ ਨਾਲ ਸਾਂਝੀਆਂ ਕੀਤੀਆਂ। ਉਨ੍ਹਾਂ ਕਿਹਾ ਕਿ ਫਸਲਾਂ ਦੇ ਵਧੇ ਝਾੜ ਪੀ.ਏ.ਯੂ ਦੇ ਵਿਗਿਆਨੀਆਂ ਦੀ ਖੋਜ, ਕਿਸਾਨਾਂ ਦੀ ਮਿਹਨਤ ਅਤੇ ਸਰਕਾਰ ਦੀਆਂ ਚੰਗੀਆਂ ਨੀਤੀਆਂ ਦੇ ਸੁਮੇਲ ਨਾਲ ਹੀ ਸੰਭਵ ਹੋਇਆ ਹੈ। ਉਨ੍ਹਾਂ ਵੱਧ ਪੈਦਾਵਾਰ ਦੇ ਨਾਲ ਗੁਣਵੱਤਾ 'ਤੇ ਵੀ ਖਾਸ ਧਿਆਨ ਦੇਣ ਦੀ ਲੋੜ ਦਾ ਜਿਕਰ ਕੀਤਾ। ਡਾ. ਢੱਟ ਨੇ ਪੰਜਾਬ ਦੇ ਕਿਸਾਨਾਂ ਅਤੇ ਯੂਨੀਵਰਸਿਟੀ ਮਾਹਿਰਾਂ ਦੇ ਸਾਂਝੇ ਯੋਗਦਾਨ ਬਾਰੇ ਦੱਸਦੇ ਹੋਏ ਦੇਸ਼ ਦੀ ਖੇਤੀ ਤਰੱਕੀ ਵਿਚ ਪੀ.ਏ.ਯੂ. ਦੀ ਮਹੱਤਵਪੂਰਨ ਭੂਮਿਕਾ ਉਜਾਗਰ ਕੀਤੀ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਵੱਲੋਂ ਹੁਣ ਤਕ 994 ਕਿਸਮਾਂ ਤਿਆਰ ਕਰਕੇ ਕਾਸ਼ਤ ਲਈ ਸਿਫਾਰਸ਼ ਕੀਤੀਆਂ ਜਾ ਚੁੱਕੀਆਂ ਹਨ, ਜਿਨ੍ਹਾਂ ਵਿੱਚੋਂ 250 ਤੋਂ ਵਧੇਰੇ ਕਿਸਮਾਂ ਨੂੰ ਰਾਸ਼ਟਰੀ ਪੱਧਰ 'ਤੇ ਪ੍ਰਵਾਨਗੀ ਮਿਲੀ ਹੈ। ਉਨ੍ਹਾਂ ਪਿਛਲੇ ਛੇ ਮਹੀਨਿਆਂ ਦੌਰਾਨ ਤਿਆਰ ਕੀਤੀਆਂ ਨਵੀਂਆਂ ਸਿਫਾਰਸ਼ੀ ਕਿਸਮਾਂ, ਉਤਪਾਦਨ ਤਕਨੀਕਾਂ, ਪੌਦ ਸੁਰੱਖਿਆ ਉਪਾਆਂ ਅਤੇ ਹੋਰ ਖੇਤੀ ਸਿਫਾਰਿਸ਼ਾਂ ਬਾਰੇ ਵੀ ਜਾਣਕਾਰੀ ਦਿੱਤੀ। ਇਨ੍ਹਾਂ ਵਿੱਚ ਕਣਕ ਦੀਆਂ ਪੀ.ਬੀ.ਡਬਲਯੂ. 887 ਅਤੇ ਪੀ.ਬੀ.ਡਬਲਯੂ. 927, ਮਸਰ ਦੀ ਐੱਲ.ਐੱਲ. 1613, ਸਰ੍ਹੋਂ ਦੀਆਂ ਪੰਜਾਬ ਰਾਇਆ ਕਨੋਲਾ-7 ਅਤੇ ਪੰਜਾਬ ਰਾਇਆ 813, ਹਾੜ੍ਹ ਬਰਸੀਮ ਦੀ ਬੀ.ਐੱਲ. 45, ਮਟਰ ਦੀ ਅਗੇਤਾ 8, ਆਲੂ, ਪਿਆਜ਼ ਅਤੇ ਲਸਣ ਦੀਆਂ ਨਵੀਆਂ ਕਿਸਮਾਂ, ਖਰਬੂਜ਼ੇ ਦੀ ਪੰਜਾਬ ਅੰਮ੍ਰਿਤ ਆਦਿ ਸ਼ਾਮਲ ਹਨ। ਉਨ੍ਹਾਂ ਨੇ ਇਹਨਾਂ ਕਿਸਮਾਂ ਦੇ ਗੁਣਾਂ ਬਾਰੇ ਜਾਣਕਾਰੀ ਦਿੰਦਿਆਂ ਕਿਸਾਨਾਂ ਨੂੰ ਇਨ੍ਹਾਂ ਨੂੰ ਅਪਣਾਉਣ ਲਈ ਉਤਸ਼ਾਹਿਤ ਕੀਤਾ। ਇਸਦੇ ਨਾਲ ਹੀ ਉਨ੍ਹਾਂ ਉਤਪਾਦਨ ਤਕਨੀਕਾਂ ਵਿੱਚ ਫੋਨ ਨਾਲ ਸਿੰਚਾਈ ਸੈਂਸਰ ਜੋੜਨ, ਮੂੰਗੀ ਵਿੱਚ ਨੀਲੇ ਚਿਪਕਵੇਂ ਕਾਰਡਾਂ ਦੀ ਵਰਤੋਂ, ਗੁੱਲੀ ਡੰਡੇ ਦੀ ਰੋਕਥਾਮ, ਸੂਖਮ ਸਿੰਚਾਈ, ਗੋਭੀ ਸਰ੍ਹੋਂ ਅਤੇ ਤੋਰੀਆ ਦੀ ਅੰਤਰਫ਼ਸਲੀ ਕਾਸ਼ਤ, ਅਤੇ ਪਸ਼ੂਆਂ ਲਈ ਫ਼ਸਲੀ ਅਚਾਰ ਬਣਾਉਣ ਵਾਸਤੇ ਲੈਕਟਿਕ ਐਸਿਡ ਬੈਕਟੀਰੀਆ ਜਾਗ ਦੀ ਤਕਨਾਲੋਜੀ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਪਾਣੀ ਦੀ ਬਚਤ ਲਈ ਕਿਸਾਨਾਂ ਨੂੰ ਯੂਨੀਵਰਸਿਟੀ ਦੀਆਂ ਸਿਫਾਰਿਸ਼ਾਂ ਅਪਣਾਉਣ ਦੀ ਅਪੀਲ ਕੀਤੀ ਅਤੇ ਪਰਾਲੀ ਦੀ ਸੰਭਾਲ ਹਰ ਹਾਲਤ ਵਿੱਚ ਖੇਤ ਵਿੱਚ ਹੀ ਕਰਨ 'ਤੇ ਜ਼ੋਰ ਦਿੱਤਾ।

ਸਵਾਗਤੀ ਸ਼ਬਦ ਨਿਰਦੇਸ਼ਕ ਪਸਾਰ ਸਿੱਖਿਆ ਡਾ. ਮੱਖਣ ਸਿੰਘ ਭੁੱਲਰ ਨੇ ਆਖੇ । ਉਨ੍ਹਾਂ ਕਿਹਾ ਕਿ ਕਿਸਾਨ ਮੇਲਿਆਂ ਦੀ ਇਹ ਲੜੀ ਹਾੜ੍ਹੀ ਦੀਆਂ ਫ਼ਸਲਾਂ ਦੀ ਬਿਜਾਈ ਤੋਂ ਪਹਿਲਾਂ ਆਯੋਜਿਤ ਕੀਤੀ ਜਾਂਦੀ ਹੈ ਅਤੇ ਇਹ ਇਸ ਲੜੀ ਦਾ ਤੀਜਾ ਮੇਲਾ ਹੈ। ਉਨ੍ਹਾਂ ਕਿਹਾ ਕਿ ਕਿਸਾਨ ਮੇਲਿਆਂ ਵਿੱਚ ਹਰ ਸਾਲ ਕਿਸਾਨਾਂ ਦੀ ਵੱਧਦੀ ਗਿਣਤੀ, ਕਿਸਾਨਾਂ ਦਾ ਪੀ.ਏ.ਯੂ ਦੀਆਂ ਖੇਤੀ ਖੋਜਾਂ ਪ੍ਰਤੀ ਵੱਧਦੇ ਵਿਸਵਾਸ਼ ਦਾ ਪ੍ਰਮਾਣ ਹੈ। ਡਾ. ਭੁੱਲਰ ਨੇ ਦੱਸਿਆ ਕਿ ਇਨ੍ਹਾਂ ਮੇਲਿਆਂ ਦਾ ਮੁੱਖ ਮਕਸਦ ਖੇਤੀ ਖੋਜਾਂ ਨੂੰ ਕਿਸਾਨਾਂ ਤਕ ਲੈ ਕੇ ਜਾਣ ਦੇ ਨਾਲ-ਨਾਲ ਖੇਤੀ ਲਾਗਤਾਂ ਨੂੰ ਘਟਾਉਣ ਲਈ ਉਨ੍ਹਾਂ ਨੂੰ ਜਾਗਰੂਕ ਕਰਨਾ ਹੈ, ਤਾਂ ਜੋ ਖੇਤੀ ਨੂੰ ਹੋਰ ਵੱਧ ਮੁਨਾਫ਼ੇਯੋਗ ਬਣਾਇਆ ਜਾ ਸਕੇ। ਨਾਲ ਹੀ, ਉਨ੍ਹਾਂ ਪੀ.ਏ.ਯੂ. ਦੇ ਖੇਤਰੀ ਖੋਜ ਕੇਂਦਰਾਂ ਵਿਚ ਚੱਲ ਰਹੇ ਸਿਖਲਾਈ ਪ੍ਰੋਗਰਾਮਾਂ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਇਹ ਮੇਲੇ ਖੇਤੀ ਨੂੰ ਵਿਗਿਆਨਕ ਦਿਸ਼ਾ ਵਿਚ ਲਿਜਾਣ ਅਤੇ ਤਕਨੀਕਾਂ ਨੂੰ ਆਮ ਲੋਕਾਂ ਤਕ ਪਹੁੰਚਾਉਣ ਦਾ ਮਹੱਤਵਪੂਰਨ ਮਾਧਿਅਮ ਹਨ। ਉਨ੍ਹਾਂ ਅਪੀਲ ਕੀਤੀ ਕਿ ਇਨ੍ਹਾਂ ਮੇਲਿਆਂ ਦਾ ਪੂਰਾ ਲਾਹਾ ਲੈਣ ਲਈ ਮਾਹਿਰਾਂ ਨਾਲ ਨੇੜਲਾ ਸੰਪਰਕ ਬਣਾਇਆ ਰੱਖਣਾ ਚਾਹੀਦਾ ਹੈ, ਤਾਂ ਜੋ ਖੇਤੀ ਨੂੰ ਹੋਰ ਮੁਨਾਫ਼ੇਯੋਗ ਬਣਾਇਆ ਜਾ ਸਕੇ।

ਇਸ ਮੇਲੇ ਦੌਰਾਨ ਖੇਤੀਬਾੜੀ ਅਤੇ ਖੇਤੀ ਸੰਬੰਧਿਤ ਖੇਤਰਾਂ ਵਿੱਚ ਸ਼ਾਨਦਾਰ ਯੋਗਦਾਨ ਦੇਣ ਵਾਲੇ ਕਈ ਅਗਾਂਹਵਧੂ ਕਿਸਾਨਾਂ ਨੂੰ ਸਨਮਾਨਿਤ ਕੀਤਾ ਗਿਆ। ਸਨਮਾਨਿਤ ਹੋਣ ਵਾਲੇ ਕਿਸਾਨਾਂ ਵਿਚ ਨਾਭਾ ਤੋਂ ਸ. ਕਮਲਜੀਤ ਸਿੰਘ ਨੂੰ ਮਧੂ ਮੱਖੀ ਪਾਲਣ ਲਈ, ਰਣਜੀਤਗੜ੍ਹ ਤੋਂ ਸ਼੍ਰੀਮਤੀ ਭਿੰਦਰ ਕੌਰ ਨੂੰ ਸਿਲਾਈ ਕਢਾਈ ਲਈ, ਡੰਡੋਆ ਤੋਂ ਸ਼੍ਰੀਮਤੀ ਲਖਵੀਰ ਕੌਰ ਨੂੰ ਖੁੰਬ ਉਤਪਾਦਨ ਲਈ ਅਤੇ ਜ਼ੀਰਕਪੁਰ ਤੋਂ ਸ਼੍ਰੀਮਤੀ ਗੁਰਮਿੰਦਰ ਕੌਰ ਨੂੰ ਬੇਕਰੀ ਲਈ ਕੀਤੇ ਕਾਰਜਾਂ ਲਈ ਸਨਮਾਨਿਤ ਕੀਤਾ ਗਿਆ।

ਸਮਾਗਮ ਦਾ ਸੰਚਾਲਨ ਡਾ. ਤੇਜਿੰਦਰ ਸਿੰਘ ਰਿਆੜ ਅਪਰ ਨਿਰਦੇਸ਼ਕ ਸੰਚਾਰ ਪੀ.ਏ.ਯੂ ਨੇ ਕੀਤਾ। ਉਨ੍ਹਾਂ ਕਿਸਾਨਾਂ ਨੂੰ ਸਮੇਂ ਦਾ ਹਾਣੀ ਬਣਨ, ਖੇਤੀ ਸੰਬੰਧਿਤ ਵਿਗਿਆਨਕ ਅਤੇ ਪ੍ਰਮਾਣਿਕ ਜਾਣਕਾਰੀ ਲਈ ਪੀ.ਏ.ਯੂ. ਦੇ ਖੇਤੀ ਸਾਹਿਤ ਨੂੰ ਆਪਣੇ ਘਰ ਦਾ ਹਿੱਸਾ ਬਣਾਉਣ ਕਿਹਾ। ਉਨ੍ਹਾਂ ਪੀ.ਏ.ਯੂ ਦੇ ਹਫ਼ਤਾਵਰ ਅਖਬਾਰ ਖੇਤੀ ਸੰਦੇਸ਼, ਪੀ.ਏ.ਯੂ ਫੇਸਬੁੱਕ ਲਾਈਵ ਪ੍ਰੋਗਰਾਮ, ਵਟਸ ਐਪ ਗਰੁੱਪਾਂ ਅਤੇ ਯੂ-ਟਿਊਬ ਚੈਨਲ ਨਾਲ ਵੱਧ ਤੋਂ ਵੱਧ ਜੁੜਨ ਦੀ ਅਪੀਲ ਕੀਤੀ। ਡਾ. ਰਿਆੜ ਨੇ ਡਿਜੀਟਲ ਮਾਧਿਅਮ ਨੂੰ ਅਪਣਾ ਕੇ ਖੇਤੀ ਦੇ ਵਿਗਿਆਨਕ ਸਰੂਪ ਬਣਾਉਣ ਦੀ ਅਪੀਲ ਕੀਤੀ।

ਅੰਤ ਵਿੱਚ ਧੰਨਵਾਦ ਦੇ ਸ਼ਬਦ ਕ੍ਰਿਸ਼ੀ ਵਿਗਿਆਨ ਕੇਂਦਰ,ਪਟਿਆਲਾ ਦੇ ਸਹਾਇਕ ਨਿਰਦੇਸ਼ਕ (ਸਿਖਲਾਈ) ਡਾ. ਹਰਦੀਪ ਸਿੰਘ ਸਭਿਖੀ ਨੇ ਕਹੇ। ਪੀ ਏ ਯੂ ਦੇ ਵੱਖ ਵੱਖ ਵਿਸ਼ਿਆਂ ਨਾਲ ਸੰਬੰਧਿਤ ਮਾਹਿਰਾਂ ਨੇ ਤਕਨੀਕੀ ਸ਼ੈਸ਼ਨ ਵਿੱਚ ਕਿਸਾਨਾਂ ਨਾਲ ਸਵਾਲ ਜਵਾਬ ਦੌਰਾਨ ਕਿਸਾਨਾਂ ਦੀਆਂ ਸਮੱਸਿਆਵਾਂ ਬਾਰੇ ਵਿਚਾਰ ਚਰਚਾ ਕੀਤੀ। ਤਕਨੀਕੀ ਸ਼ੈਸ਼ਨ ਦਾ ਸੰਚਾਲਨ ਡਾ. ਗੁਰਉਪਦੇਸ਼ ਕੌਰ, ਪ੍ਰੋਫੈਸਰ, ਹੋਮ ਸਾਇੰਸ ਨੇ ਕੀਤਾ।

ਇਸ ਮੇਲੇ ਦੌਰਾਨ ਵੱਖ ਵੱਖ ਸਵੈ ਸੇਵੀ ਸੰਸਥਾਵਾਂ, ਕਿਸਾਨ ਨਿਰਮਾਤਾ ਸੰਗਠਨਾਂ, ਨਿੱਜੀ ਕੰਪਨੀਆਂ ਤੋਂ ਇਲਾਵਾ ਪੀ ਏ ਯੂ ਦੇ ਵਿਭਾਗਾਂ ਅਤੇ ਖੇਤੀਬਾੜੀ ਵਿਭਾਗ ਨੇ ਆਪਣੀਆਂ ਸਟਾਲਾਂ ਲਗਾਈਆਂ।

ਹਾਜ਼ਰ ਕਿਸਾਨਾਂ ਨੇ ਹਾੜ੍ਹੀ ਦੀਆਂ ਫ਼ਸਲਾਂ ਦੇ ਬੀਜ, ਫ਼ਲਦਾਰ ਬੂਟੇ ਅਤੇ ਖੇਤੀ ਸਾਹਿਤ ਖਰੀਦਣ ਵਿਚ ਵਿਸ਼ੇਸ਼ ਦਿਲਚਸਪੀ ਦਿਖਾਈ। ਹਾੜ੍ਹੀ ਦੀਆਂ ਫ਼ਸਲਾਂ ਬਾਰੇ ਪੀ ਏ ਯੂ ਦੇ ਖੇਤੀ ਸਾਹਿਤ ਨੂੰ ਵੀ ਪ੍ਰਧਾਨਗੀ ਮੰਡਲ ਵਲੋਂ ਜਾਰੀ ਕੀਤਾ ਗਿਆ।